19-OCT-3STAR-5.qxd 10/19/2025 9:22 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸਮਾਗਮ ਦੌਰਾਨ ਭਾਈ ਸਤਿੰਦਰਪਾਲ ਸਿੰਘ ਦਾ ਰਾਗੀ ਜਥਾ ਕੀਰਤਨ ਦੀ ਹਾਜ਼ਰੀ ਭਰਦਾ ਹੋਇਆ। ਤਸਵੀਰ : ਮੁਨੀਸ਼

ਦੀਵਾਲੀ ਮੌਕੇ ਵੀ ਸ਼ਹਿਰ ਵਿਚ ਬੰਦ ਨੇ 10000 ਸਟਰੀਟ ਲਾਈਟਾਂ-ਬੇਰੀ

ਕਿਹਾ, ਦੀਵਾਲੀ ਵੇਲੇ ਨਿਗਮ ਪ੍ਰਸ਼ਾਸਨ ਨੂੰ ਕਰਵਾਉਣੀ ਚਾਹੀਦੀ ਸੀ ਮੁਰੰਮਤ

ਜਲੰਧਰ, 19 ਅਕਤੂਬਰ (ਸ਼ਿਵ)- ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਸਾਬਕਾ ਪ੍ਰਧਾਨ ਰਜਿੰਦਰ ਬੇਰੀ ਨੇ ਨਗਰ ਨਿਗਮ ਪ੍ਰਸ਼ਾਸਨ 'ਤੇ ਦੋਸ਼ ਲਗਾਉਂਦੇ ਹੋਏ ਕਿਹਾ ਹੈ ਕਿ ਉਸ ਨੇ ਦੀਵਾਲੀ ਦੇ ਤਿਉਹਾਰ ਨੂੰ ਦੇਖਦੇ ਹੋਏ ਸ਼ਹਿਰ ਵਿਚ ਕੋਈ ਪ੍ਰਬੰਧ ਨਹੀਂ ਕੀਤੇ ਹਨ, ਜਿਸ ਕਰਕੇ ਸ਼ਹਿਰ ਦੇ ਅਲੱਗ-ਅਲੱਗ ਵਾਰਡਾਂ ਵਿਚ ਕਰੀਬ 10 ਹਜ਼ਾਰ ਐਲ.ਈ.ਡੀ. ਲਾਈਟਾਂ ਬੰਦ ਪਈਆਂ ਹਨ ਜਿਸ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿਚ ਲਾਈਟਾਂ ਬੰਦ ਹੋਣਾ ਇਹ ਦਰਸਾਉਂਦਾ ਹੈ ਕਿ ਨਗਰ ਨਿਗਮ ਜਲੰਧਰ ਦਾ ਸਿਸਟਮ ਬਿਲਕੁਲ ਫ਼ੇਲ੍ਹ ਹੈ। ਜਿਸ ਤਿਉਹਾਰ ਦੇ ਲੋਕ ਆਪਣੇ ਘਰਾਂ ਵਿਚ ਲਾਈਟਾਂ ਲਗਾਉਂਦੇ ਹਨ ਪਰ ਗਲੀਆਂ ਮੁਹੱਲਿਆਂ ਦੀਆਂ ਲਾਈਟਾਂ ਬੰਦ ਹੋਣਗੀਆਂ ਜੋ ਕਿ ਬਹੁਤ ਹੀ ਮਾੜੀ ਗੱਲ ਹੈ। ਤਿਉਹਾਰ ਦੇ ਦਿਨਾਂ ਵਿਚ ਹੀ ਨਗਰ ਨਿਗਮ ਵੱਲੋਂ ਸ਼ਹਿਰ ਦੇ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਪ੍ਰਦਾਨ ਨਹੀਂ ਕੀਤੀਆਂ ਜਾ ਰਹੀਆਂ। ਮੇਅਰ ਅਤੇ ਕਮਿਸ਼ਨਰ ਨੂੰ ਇਨ੍ਹਾਂ ਕੰਮਾਂ ਵੱਲ ਵਿਸ਼ੇਸ਼ ਤੌਰ 'ਤੇ ਧਿਆਨ ਦੇਣਾ ਚਾਹੀਦਾ ਹੈ ਕਿ ਨਗਰ ਨਿਗਮ ਜਲੰਧਰ ਸ਼ਹਿਰ ਦੀ ਆਮ ਜਨਤਾ ਨੂੰ ਮੁੱਢਲੀਆਂ ਸਹੂਲਤਾਂ ਮੁਹਈਆਂ ਕਰਵਾ ਰਹੀ ਹੈ ਜਾ ਨਹੀਂ। ਸ਼ਹਿਰ ਦੇ ਕਈ ਮੁੱਖ ਸੜਕਾਂ 'ਤੇ ਵੀ ਬਹੁਤ ਸਾਰੀਆਂ ਲਾਈਟਾਂ ਬੰਦ ਪਈਆਂ ਹਨ। ਉਨਾਂ ਕਿਹਾ ਕਿ ਆਪ ਨੇ ਵੀ ਵਾਅਦਾ ਕੀਤਾ ਸੀ ਕਿ ਸ਼ਹਿਰਾਂ ਵਿਚ ਸੁਧਾਰੀ ਕਰਨ ਦੇ ਕੰਮ ਕੀਤੇ ਜਾਣਗੇ ਪਰ ਇਹ ਕੰਮ ਨਹੀਂ ਕਰਵਾਏ ਜਾ ਸਕੇ ਹਨ।

ਰਜਿੰਦਰ ਬੇਰੀ

ਹੈਪੀ ਨੇ ਮੇਅਰ ਕੋਲ ਲਾਈਟਾਂ ਤੇ ਸੜਕ ਦਾ ਮਸਲਾ ਉਠਾਇਆ

ਜਲੰਧਰ, ਵਾਰਡ ਨੰਬਰ 35 ਦੀ ਕਾਂਗਰਸ ਦੀ ਕੌਂਸਲਰ ਹਰਸ਼ਰਨ ਕੌਰ ਹੈਪੀ ਨੇ ਮੇਅਰ ਵਨੀਤ ਧੀਰ ਨਾਲ ਇੱਕ ਮੁਲਾਕਾਤ ਕਰਕੇ ਉਨ੍ਹਾਂ ਕੋਲ ਸਟਰੀਟ ਲਾਈਟਾਂ ਅਤੇ ਸੜਕਾਂ ਨੂੰ ਠੀਕ ਕਰਵਾਉਣ ਦਾ ਮੁੱਦਾ ਉਠਾਇਆ ਹੈ। ਸ੍ਰੀਮਤੀ ਹੈਪੀ ਨੇ ਮੇਅਰ ਵਨੀਤ ਧੀਰ ਨੂੰ ਦੱਸਿਆ ਕਿ ਮੌਂਬਰੋ ਚੌਕ ਤੋਂ ਲੈ ਕੇ ਟੀ-ਪੁਆਇੰਟ ਤੱਕ ਜਿਹੜੀ ਸੜਕ ਪਾਈਪਾਂ ਪਾਉਣ ਕਰਕੇ ਤੋੜੀ ਗਈ ਸੀ, ਉਸ ਨੂੰ ਠੀਕ ਕਰਵਾਉਣ ਦਾ ਕੰਮ ਜੰਗੀ ਪੱਧਰ 'ਤੇ ਕਰਵਾਇਆ ਜਾਵੇ ਕਿਉਂਕਿ ਅਜੇ ਵੀ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੈਪੀ ਨੇ ਮੇਅਰ ਤੋਂ ਮੰਗ ਕੀਤੀ ਕਿ ਸੜਕਾਂ ਦਾ ਕੰਮ ਜੰਗੀ ਪੱਧਰ 'ਤੇ ਕਰਵਾਇਆ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਉਨਾਂ ਨੇ ਮੇਅਰ ਤੋਂ ਵਾਰਡ ਦੀਆਂ ਬੰਦ ਪਈਆਂ ਸਟਰੀਟ ਲਾਈਟਾਂ ਦਾ ਮੁੱਦਾ ਵੀ ਉਠਾਇਆ ਤਾਂ ਜੋ ਲੋਕਾਂ ਨੂੰ ਤਿਉਹਾਰਾਂ ਦੇ ਦਿਨਾਂ ਵਿਚ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਮੇਅਰ ਵਨੀਤ ਧੀਰ ਨੇ ਸ੍ਰੀਮਤੀ ਹੈਪੀ ਨੂੰ ਭਰੋਸਾ ਦਿੱਤਾ ਕਿ ਸੜਕਾਂ ਬਣਾਉਣ ਅਤੇ ਲਾਈਟਾਂ ਨੂੰ ਠੀਕ ਕਰਵਾਉਣ ਦਾ ਕੰਮ ਜਲਦੀ ਕਰਵਾ ਦਿੱਤਾ ਜਾਵੇਗਾ।

ਮੇਅਰ ਵਿਨੀਤ ਧੀਰ ਨਾਲ ਗੱਲਬਾਤ ਕਰਦੇ ਹੋਏ ਹਰਸ਼ਰਨ ਕੌਰ ਹੈਪੀ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੀਟਾ ਬਾਮਣੀ, ਨਾਲ ਅਧਿਆਪਕ ਗੁਰਮਿੰਦਰ ਕੌਰ, ਸੰਧਿਆ ਰਾਣੀ ਅਤੇ ਵਿਦਿਆਰਥੀ ਗਰੀਨ ਦੀਵਾਲੀ ਮਨਾਉਂਦੇ ਹੋਏ। ਤਸਵੀਰ- ਹਰਵਿੰਦਰ ਕੁਮਾਰ

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੋਡੇ ਸਪਰਾਏ ਵਿਖੇ ਮਨਾਈ ਗਰੀਨ ਦੀਵਾਲੀ

ਜਮਸ਼ੇਰ ਖਾਸ, 19 ਅਕਤੂਬਰ (ਹਰਵਿੰਦਰ ਕੁਮਾਰ)-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੋਡੇ ਸਪਰਾਏ ਵਿਖੇ ਪ੍ਰਿੰਸੀਪਲ ਰੀਟਾ ਬਾਮਣੀ ਅਤੇ ਸਮੂਹ ਸਟਾਫ ਨੇ ਸਕੂਲ ਦੇ ਵਿਦਿਆਰਥੀਆਂ ਨਾਲ ਮਿਲ ਜ ਕੇ ਗਰੀਨ ਦੀਵਾਲੀ ਉਤਸ਼ਾਹ ਨਾਲ ਮਨਾਈ। ਪ੍ਰਿੰਸੀਪਲ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਗਰੀਨ ਦੀਵਾਲੀ ਮਨਾਉਣ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਨੂੰ ਪਟਾਕਿਆਂ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੇ ਦੀਵਾਲੀ ਮੌਕੇ ਵਿਦਿਆਰਥੀਆਂ ਨੂੰ ਸਿਰਫ ਹਰੇ ਪਟਾਕੇ ਚਲਾਉਣ ਅਤੇ ਇੱਕ ਇੱਕ ਪੌਦਾ ਲਗਾਉਣ ਲਈ ਵੀ ਕਿਹਾ। ਇਸ ਮੌਕੇ ਅਧਿਆਪਕ ਗੁਰਮਿੰਦਰ ਕੌਰ ਨੇ ਕਿਹਾ ਕਿ ਦੀਵਾਲੀ ਖੁਸ਼ੀਆਂ ਅਤੇ ਰੌਸ਼ਨੀ ਦਾ ਤਿਉਹਾਰ ਹੈ ਅਤੇ ਦੀਵਾਲੀ ਮਨਾਉਂਦੇ ਸਮੇਂ ਸਾਨੂੰ ਸਭ ਨੂੰ ਮਿਲ ਕੇ ਇਹ ਤਿਉਹਾਰ ਮਨਾਉਣਾ ਚਾਹੀਦਾ ਹੈ ਅਤੇ ਲੋੜਮੰਦ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਮੌਕੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਰੰਗੀਨ ਦੀਵਿਆਂ ਨਾਲ ਪੂਰੇ ਮਾਹੌਲ ਨੂੰ ਰੋਸ਼ਨ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਮਠਿਆਈ ਅਤੇ ਗਰੀਨ ਪਟਾਕੇ ਵੀ ਵੰਡੇ ਗਏ। ਇਸ ਮੌਕੇ ਅਧਿਆਪਕ ਸੰਧਿਆ ਰਾਣੀ ਅਰਪਨਦੀਪ, ਮੋਨਿਕਾ , ਮੀਨੂ ਅਤੇ ਅਨੀਤਾ ਆਦਿ ਵੀ ਹਾਜ਼ਰ ਸਨ।

ਕੱਤਕ ਦੀ ਸੰਗਰਾਂਦ ਮੌਕੇ ਗੁਰਦੁਆਰਾ ਨੌਵੀਂ ਪਾਤਿਸ਼ਾਹੀ ਵਿਖੇ ਕਰਵਾਏ ਵਿਸ਼ੇਸ਼ ਗੁਰਮਤਿ ਸਮਾਗਮ

ਜਲੰਧਰ, 19 ਅਕਤੂਬਰ (ਐੱਮ. ਐੱਸ. ਲੋਹੀਆ)-ਕੱਤਕ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਗੁਰਦੁਆਰਾ ਨੌਵੀਂ ਪਾਤਿਸ਼ਾਹੀ, ਦੂਖ ਨਿਵਾਰਨ ਸਾਹਿਬ, ਗੁਰੂ ਤੇਗ ਬਹਾਦੁਰ ਨਗਰ ਦੀ ਪ੍ਰਬੰਧਕ ਕਮੇਟੀ ਦੇ ਉਪਰਾਲੇ ਸਦਕਾ ਰਾਤਰੀ ਦੇ ਸਮੇਂ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ, ਜਿਨ੍ਹਾਂ ਦੌਰਾਨ ਭਾਈ ਸਤਿੰਦਰਪਾਲ ਸਿੰਘ ਅਤੇ ਭਾਈ ਫਤਿਹ ਸਿੰਘ ਜੀ ਦੇ ਰਾਗੀ ਜੱਥਿਆਂ ਵਲੋਂ ਕੀਰਤਨ ਦੀ ਹਾਜ਼ਰੀ ਭਰੀ ਗਈ ਅਤੇ ਭਾਈ ਗੁਰਮੀਤ ਸਿੰਘ ਵਲੋਂ ਗੁਰਮਤਿ ਵਿਚਾਰਾਂ ਰਾਹੀਂ ਕਤਕ ਦੇ ਮਹੀਨੇ ਦੀ ਮਹਾਨਤਾ ਅਤੇ ਇਤਿਹਾਸ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਕੰਵਲਜੀਤ ਸਿੰਘ ਉਬਰਾਏ, ਕੰਵਲਜੀਤ ਸਿੰਘ ਜਰਨਲ ਸਕੱਤਰ, ਮਨਜੀਤ ਸਿੰਘ ਠੁਕਰਾਲ (ਸੀ. ਮੀਤ ਪ੍ਰਧਾਨ), ਜੋਗਿੰਦਰ ਸਿੰਘ (ਕੈਸ਼ੀਅਰ), ਪਰਮਜੀਤ ਸਿੰਘ ਭਲਵਾਨ, ਪਰਮਜੀਤ ਸਿੰਘ ਕਾਨਪੁਰੀ, ਕੁਲਵਿੰਦਰ ਸਿੰਘ ਮਲੀ, ਸੁਰਜੀਤ ਸਿੰਘ ਸੇਤੀਆ, ਹਰਜਿੰਦਰ ਸਿੰਘ (ਲੈਂਡ ਲਾਰਡ), ਦਲਜੀਤ ਸਿੰਘ, ਸੁਰਜੀਤ ਸਿੰਘ, ਭੁਪਿੰਦਰ ਸਿੰਘ, ਜੀ. ਐੱਸ. ਚੋਪੜਾ, ਹਰਪ੍ਰੀਤ ਸਿੰਘ ਮਝੈਲ, ਰਵਿੰਦਰ ਜੀਤ ਸਿੰਘ ਖੁਰਾਣਾ, ਪ੍ਰੀਤਮ ਸਿੰਘ ਬੇਦੀ, ਜਗਜੀਤ ਸਿੰਘ (ਪਟਨਾ ਸਾਹਿਬ), ਹਰਦੀਪ ਸਿੰਘ ਲਾਡੀ, ਗੁਰਵਿੰਦਰ ਸਿੰਘ ਅਤੇ ਹੋਰ ਹਾਜ਼ਰ ਸਨ।

ਧਨਤੇਰਸ ਦੌਰਾਨ ਖ਼ਰੀਦਦਾਰੀ ਕਰਦੇ ਲੋਕ। ਤਸਵੀਰ ਮੁਨੀਸ਼

ਸ਼ਹਿਰ ਵਿਚ ਦੀਵਾਲੀ ਨੂੰ ਲੈ ਕੇ ਲੱਗੀਆਂ ਰੌਣਕਾਂ, ਲੋਕਾਂ ਨੇ ਕੀਤੀ ਧਨਤੇਰਸ 'ਤੇ ਖ਼ਰੀਦਦਾਰੀ

ਜਲੰਧਰ, 19 ਅਕਤੂਬਰ (ਸ਼ੈਲੀ)- ਧਨਤੇਰਸ ਦੌਰਾਨ ਸਾਰੇ ਸ਼ਹਿਰ ਦੀਆਂ ਦੁਕਾਨਾਂ 'ਤੇ ਖਰੀਦਦਾਰਾਂ ਦੀ ਭੀੜ ਰਹੀ। ਲੋਕਾਂ ਨੇ ਸਵੇਰੇ ਭਗਵਾਨ ਧਨਵੰਤਰੀ ਦੀ ਪੂਜਾ ਕੀਤੀ ਅਤੇ ਫਿਰ ਸ਼ਹਿਰ ਦੀਆਂ ਦੁਕਾਨਾਂ 'ਤੇ ਖਰੀਦਦਾਰੀ ਕੀਤੀ। ਇਸ ਦੌਰਾਨ ਲੋਕਾਂ ਨੇ ਸੋਨੇ ਅਤੇ ਚਾਂਦੀ ਦੇ ਗਹਿਣੇ, ਭਾਂਡੇ ਅਤੇ ਹੋਰ ਚੀਜ਼ਾਂ ਖਰੀਦੀਆਂ। ਦੇਰ ਸ਼ਾਮ ਤੱਕ ਸ਼ਹਿਰ ਦੇ ਭਾਂਡਿਆਂ ਵਾਲੇ ਬਾਜ਼ਾਰ ਵਿੱਚ ਖਰੀਦਦਾਰੀ ਕਰਨ ਵਾਲੇ ਲੋਕ ਲਗਾਤਾਰ ਖਰੀਦਦਾਰੀ ਕਰਦੇ ਰਹੇ। ਦਿਨ ਭਰ ਗਹਿਣਿਆਂ ਅਤੇ ਭਾਂਡਿਆਂ ਦੀਆਂ ਦੁਕਾਨਾਂ 'ਤੇ ਭੀੜ ਰਹੀ, ਲੋਕ ਨਵੇਂ ਗਹਿਣੇ ਅਤੇ ਭਾਂਡੇ ਖਰੀਦ ਰਹੇ ਸਨ। ਇਸੇ ਤਰ੍ਹਾਂ ਹੀ ਦੀਵਾਲੀ ਨੂੰ ਲੈਕੇ ਸ਼ਹਿਰ ਵਿਚ ਰੌਣਕਾਂ ਦੇਖਆਂ ਜਾ ਰਹੀਆਂ ਹਨ। ਲੋਕ ਦੀਵਾਲੀ ਸਬੰਦੀ ਵੀ ਖਰੀਦਾਰੀ ਕਰ ਰਹੇ ਹਨ। ਬਾਜ਼ਾਰ ਵਿੱਚ ਸਜਾਵਟੀ ਸਮਾਨ ਅਤੇ ਵੱਖ ਵੱਖ ਡਿਜ਼ਾਈਨਾਂ ਦੇ ਰੰਗ ਬਿਰੰਗੇ ਦੀਵੀਆਂ ਦੀ ਦੁਕਾਨਾ ਲਗਿਆਂ ਹਨ। ਦੀਵਾਲੀ ਦੌਰਾਨ ਜਿਥੇ ਲੋਕ ਆਪਣੇ ਘਰਾਂ ਨੂੰ ਰੰਗ ਰੋਗਨ ਕਰਵਾਉਂਦੇ ਹਨ ਉਥੇ ਹੀ ਆਪਣੇ ਘਰਾਂ ਦੀ ਸਫਾਈ ਵੀ ਕਰ ਰਹੇ ਹਨ। ਇਸ ਦੌਰਾਨ, ਲੋਕਾਂ ਨੇ ਆਪਣੇ ਦੋਸਤਾਂ ਅਤੇ ਰਿਸ਼ਤੇਦਾਰਾਂ ਨੂੰ ਦੀਵਾਲੀ ਦੇ ਤੋਹਫ਼ੇ ਵੀ ਦੇਣੇ ਸ਼ੁਰੂ ਕਰ ਦਿੱਤੇ ਹਨ। ਦੀਵਾਲੀ ਵਾਲੇ ਦਿਨ ਲੋਕ ਆਪਣੇ ਘਰਾਂ ਵਿਚ ਰੋਸ਼ਨੀ ਕਰਨ ਲਈ ਦੀਵੇ ਜਗਾਉਂਦੇ ਹਨ ਅਤੇ ਰਾਤ ਸਮੇਂ ਮਾਤਾ ਲਕਸ਼ਮੀ ਦੀ ਪੂਜਾ ਕਰਦੇ ਹਨ ਅਤੇ ਰਾਤ ਸਮੇਂ ਪਟਾਕੇ ਚਲਾਉਂਦੇ ਹਨ।

ਸਵਾਮੀ ਸਰੂਪਾ ਨੰਦ ਦੀ ਯਾਦ 'ਚ ਸਾਲਾਨਾ ਬਰਸੀ ਪਿੰਡ ਨਵਾਂ ਬੱਲੜਵਾਲ ਵਿਖੇ 26 ਨੂੰ

ਕਬੱਡੀ ਕੱਪ ਤੇ ਖੇਡ ਮੇਲਾ 25 ਤੇ 26 ਨੂੰ

ਘੁਮਾਣ, 19 ਅਕਤੂਬਰ (ਬੰਮਰਾਹ)- ਮਹਾਨ ਤਪਸਵੀ ਬ੍ਰਹਮ ਗਿਆਨੀ ਸੁਆਮੀ ਸਰੂਪਾ ਨੰਦ ਦੀ ਯਾਦ 'ਚ 42ਵੀਂ ਸਾਲਾਨਾ ਬਰਸੀ ਪਿੰਡ ਨਵਾਂ ਬੱਲੜਵਾਲ (ਚੱਕ ਚਾਓ) ਨੇੜੇ ਘੁਮਾਣ ਵਿਖੇ 26 ਅਕਤੂਬਰ ਨੂੰ ਬਹੁਤ ਹੀ ਸ਼ਰਧਾ ਤੇ ਭਾਵਨਾ ਨਾਲ ਮਨਾਈ ਜਾ ਰਹੀ ਹੈ। ਇਸ ਸਬੰਧੀ ਮੁੱਖ ਸੇਵਾਦਾਰ ਸੁਆਮੀ ਗੁਰਬਖਸ਼ ਦੇਵੀ ਨੇ ਦੱਸਿਆ ਕਿ 24 ਅਕਤੂਬਰ ਨੂੰ 51 ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਆਰੰਭ ਹੋਵੇਗੀ ਅਤੇ 26 ਅਕਤੂਬਰ ਨੂੰ ਭੋਗ ਪੈਣਗੇ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੰਗਤ ਸਮਾਗਮ ਅਤੇ ਕੀਰਤਨ ਦਰਬਾਰ ਕਰਵਾਇਆ ਜਾਵੇਗਾ, ਜਿਸ ਵਿਚ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਭਾਈ ਅਮਨਦੀਪ ਸਿੰਘ ਜ਼ਰੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਰਣਜੀਤ ਸਿੰਘ ਬੱਲੜਵਾਲ, ਭਾਈ ਜਤਿੰਦਰ ਸਿੰਘ ਟਾਂਡਾ ਸੰਗਤਾਂ ਨੂੰ ਗੁਰ ਸ਼ਬਦ ਨਾਲ ਜੋੜਨਗੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ 25 ਤੇ 26 ਅਕਤੂਬਰ ਨੂੰ ਸਵਾਮੀ ਸਰੂਪਾ ਨੰਦ ਕਬੱਡੀ ਕੱਪ ਕਰਵਾਇਆ ਜਾ ਰਿਹਾ ਹੈ। 25 ਅਕਤੂਬਰ ਸਵੇਰੇ 10 ਵਜੇ ਤੋਂ ਕਬੱਡੀ ਦੇ 65 ਕਿਲੋ ਵਰਗ ਦੇ ਮੈਚ ਹੋਣਗੇ ਅਤੇ 26 ਅਕਤੂਬਰ ਨੂੰ ਕਬੱਡੀ ਕੱਪ ਵਿਚ ਗੱਗੀ ਲੋਪੋਕੇ, ਸੰਦੀਪ ਨੰਗਲ ਅੰਬੀਆਂ ਕਲੱਬ ਮਾਲਵਾ, ਬਾਬਾ ਨਾਮਦੇਵ ਕਲੱਬ ਘਮਾਣ, ਸ਼ਕਰਪੁਰ ਕਬੱਡੀ ਕਲੱਬ, ਪਰਉਪਕਾਰੀ ਭਾਈ ਲੱਧਾ ਜੀ ਕਬੱਡੀ ਕਲੱਬ ਭਾਈ ਲੱਧੂ ਵਿਚਕਾਰ ਕਬੱਡੀ ਦੇ ਫ਼ਸਵੇਂ ਮੁਕਾਬਲੇ ਹੋਣਗੇ, ਜਿਸ ਵਿਚ ਖਿਡਾਰੀਆਂ ਨੂੰ ਪਹਿਲਾ ਇਨਾਮ 1 ਲੱਖ 25 ਹਜ਼ਾਰ, ਦੂਸਰਾ ਇਕ ਲੱਖ, ਤੀਸਰਾ ਅਤੇ ਚੌਥਾ 80-80 ਹਜ਼ਾਰ ਨਕਦ ਰਾਸ਼ੀ ਦਿੱਤੀ ਜਾਵੇਗੀ। ਬਰਸੀ ਸਮਾਗਮਾਂ ਨੂੰ ਸਮਰਪਿਤ 26 ਅਕਤੂਬਰ ਨੂੰ ਮੁਫ਼ਤ ਮੈਡੀਕਲ ਕੈਂਪ ਅਕਾਲ ਹਸਪਤਾਲ ਘੁਮਾਣ ਅਤੇ ਕੇ.ਡੀ. ਹਸਪਤਾਲ ਤੇ ਬਲੱਡ ਬੈਂਕ ਪਠਾਨਕੋਟ ਵਲੋਂ ਲਗਾਇਆ ਜਾ ਰਿਹਾ ਹੈ। ਇਸ ਕਬੱਡੀ ਕੱਪ ਵਿਚ ਜੇਤੂਆਂ ਨੂੰ ਇਨਾਮਾਂ ਦੀ ਵੰਡ ਸਵਾਮੀ ਗੁਰਬਖਸ਼ ਦੇਵੀ ਕਰਨਗੇ। ਇਸ ਮੌਕੇ ਬਾਬਾ ਰਾਮਦਾਸ ਜੀ, ਬਾਬਾ ਕ੍ਰਿਸ਼ਨਾ ਨੰਦ ਜੀ, ਬਾਬਾ ਪ੍ਰੇਮ ਦਾਸ ਜੀ ਆਦਿ ਹਾਜ਼ਰ ਸਨ।



ਸ੍ਰੀ 108 ਸਵਾਮੀ ਸਰੂਪਾ ਨੰਦ ਜੀ

ਜ਼ਿਲ੍ਹਾ ਮੈਜਿਸਟ੍ਰੇਟ ਵਲੋਂ ਪੁਲਿਸ ਅਤੇ ਨਿਗਮ ਕਮਿਸ਼ਨਰ ਨੂੰ ਪਟਾਕਾ ਮਾਰਕੀਟ ਲਈ ਸੁਰੱਖਿਆ ਪੱਖੋਂ ਅਤੇ ਹੋਰ ਲੋੜੀਂਦੇ ਪ੍ਰਬੰਧ ਕਰਨ ਦੀ ਹਦਾਇਤ

ਜਲੰਧਰ, 19 ਅਕਤੂਬਰ (ਚੰਦੀਪ ਭੱਲਾ)-ਜ਼ਿਲ੍ਹਾ ਮੈਜਿਸਟ੍ਰੇਟ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਪੁਲਿਸ ਕਮਿਸ਼ਨਰ ਅਤੇ ਕਮਿਸ਼ਨਰ ਨਗਰ ਨਿਗਮ ਨੂੰ ਪਟਾਕਾ ਮਾਰਕੀਟ ਲਈ ਖ਼